# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਪੀ.ਏ.ਯੂ. ਦੇ ਸੁਰੱਖਿਆ ਕਰਮੀਆਂ ਲਈ ਤਿੰਨ ਰੋਜ਼ਾ ਸਿਖਲਾਈ ਕੋਰਸ ਆਰੰਭ ਹੋਇਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 19 ਮਈ : ਅੱਜ ਪੀ.ਏ.ਯੂ. ਦੇ ਸਕਿੱਲ ਡਿਵੈਲਪਮੈਂਟ ਸੈਂਟਰ ਵਿਚ ਯੂਨੀਵਰਸਿਟੀ ਦੇ ਸੁਰੱਖਿਆ ਕਰਮੀਆਂ ਲਈ ਵਿਸ਼ੇਸ਼ ਸਿਖਲਾਈ ਕੋਰਸ ਆਰੰਭ ਹੋ ਗਿਆ| ਇਹ ਤਿੰਨ ਰੋਜ਼ਾ ਕੋਰਸ ਯੂਨੀਵਰਸਿਟੀ ਦੀ ਸੁਰੱਖਿਆ ਦੇ ਮੱਦੇਨਜ਼ਰ ਕਰਮਚਾਰੀਆਂ ਨੂੰ ਉਹਨਾਂ ਦੀ ਜ਼ਿੰਮੇਵਾਰੀ ਹੋਰ ਯੋਗਤਾ ਨਾਲ ਨਿਭਾਉਣ ਅਤੇ ਤਕਨੀਕੀ ਤੌਰ ਤੇ ਮਜ਼ਬੂਤ ਬਨਾਉਣ ਲਈ ਆਯੋਜਿਤ ਕੀਤਾ ਜਾ ਰਿਹਾ ਹੈ| ਅੱਜ ਇਸ ਸਿਖਲਾਈ ਕੋਰਸ ਦੇ ਉਦਘਾਟਨੀ ਸਮਾਰੋਹ ਵਿਚ ਮੁੱਖ ਮਹਿਮਾਨ ਦੇ ਤੌਰ ਤੇ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਸ਼ਾਮਿਲ ਹੋਏ| ਉਹਨਾਂ ਨਾਲ ਪੰਜਾਬ ਪੁਲਿਸ ਦੇ ਸੇਵਾ ਮੁਕਤ ਹੋਏ ਅਧਿਕਾਰੀ ਸ. ਗੁਰਦੇਵ ਸਿੰਘ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ਼ਾਮਿਲ ਸਨ| ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ, ਕਾਰਜਕਾਰੀ ਮਿਲਖ ਅਧਿਕਾਰੀ ਅਤੇ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਵੀ ਪ੍ਰਧਾਨਗੀ ਮੰਡਲ ਵਿਚ ਸ਼ਿਰਕਤ ਕੀਤੀ|

ਆਪਣੇ ਵਿਸ਼ੇਸ਼ ਭਾਸ਼ਣ ਵਿਚ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਯੂਨੀਵਰਸਿਟੀ ਦੀ ਸੁਰੱਖਿਆ ਅਤੇ ਸੁਚਾਰੂ ਕੰਮਕਾਜ ਵਿਚ ਸੁਰੱਖਿਆ ਕਰਮੀਆਂ ਦਾ ਯੋਗਦਾਨ ਬਿਨਾਂ ਸ਼ੱਕ ਵਡੇਰਾ ਹੈ| ਸੁਰੱਖਿਆ ਕਰਮੀਆਂ ਨੇ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਈ ਹੈ ਪਰ ਨਾਲ ਹੀ ਵਧਦੀਆਂ ਆਵਾਜਾਈ ਸਹੂਲਤਾਂ ਅਤੇ ਸੁਰੱਖਿਆ ਲੋੜਾਂ ਦੇ ਫਲਸਰੂਪ ਨਵੀਆਂ ਤਕਨੀਕੀ ਸੇਧਾਂ ਦੀ ਲੋੜ ਵੀ ਮਹਿਸੂਸ ਕੀਤੀ ਜਾ ਰਹੀ ਹੈ| ਡਾ. ਗੋਸਲ ਨੇ ਦੱਸਿਆ ਕਿ ਪਿਛਲੇ ਤਿੰਨ ਦਹਾਕਿਆਂ ਵਿਚ ਵਿਦਿਆਰਥੀਆਂ, ਅਧਿਆਪਕਾਂ ਅਤੇ ਬਾਹਰੋਂ ਆਉਣ ਵਾਲਿਆਂ ਦੇ ਸਾਧਨ ਅਤੇ ਵਿਹਾਰ ਦੇ ਤਰੀਕੇ ਵਿਚ ਤਬਦੀਲੀ ਦੇਖੀ ਗਈ ਹੈ| ਇਸਲਈ ਸੁਰੱਖਿਆ ਕਰਮੀਆਂ ਨੂੰ ਆਪਣੀ ਜ਼ਿੰਮੇਵਾਰੀ ਵਧੇਰੇ ਸੁਹਿਰਦਤਾ ਨਾਲ ਨਿਭਾਉਣ ਦੀ ਲੋੜ ਮਹਿਸੂਸ ਹੁੰਦੀ ਹੈ| ਇਸੇ ਲੋੜ ਦੇ ਮੱਦੇਨਜ਼ਰ ਇਹ ਸਿਖਲਾਈ ਕੈਂਪ ਪਹਿਲੀ ਵਾਰ ਆਯੋਜਿਤ ਕੀਤਾ ਜਾ ਰਿਹਾ ਹੈ| ਉਹਨਾਂ ਆਸ ਪ੍ਰਗਟਾਈ ਕਿ ਇਸ ਸਿਖਲਾਈ ਕੋਰਸ ਤੋਂ ਬਾਅਦ ਯੂਨੀਵਰਸਿਟੀ ਦਾ ਸੁਰੱਖਿਆ ਢਾਂਚਾ ਹੋਰ ਮਜ਼ਬੂਤ ਅਤੇ ਸੁਚਾਰੂ ਹੋਵੇਗਾ|

ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਸ. ਗੁਰਦੇਵ ਸਿੰਘ ਨੇ ਸੁਰੱਖਿਆ ਕਰਮੀਆਂ ਨੂੰ ਅਜਿਹੀਆਂ ਬਹੁਤ ਸਾਰੀਆਂ ਨਵੀਆਂ ਗੱਲਾਂ ਅਤੇ ਧਾਰਨਾਵਾਂ ਦੱਸੀਆਂ ਜਿਹੜੀਆਂ ਕਿਸੇ ਪੱਧਰ ਤੇ ਜਾਨ ਮਾਲ ਦੀ ਸੁਰੱਖਿਆ ਲਈ ਲਾਭਕਾਰੀ ਹੋ ਸਕਦੀਆਂ ਹਨ| ਉਹਨਾਂ ਦੱਸਿਆ ਕਿ ਸੁਰੱਖਿਆ ਕਰਮੀ ਨੂੰ ਆਪਣੀ ਦਿੱਖ ਤੋਂ ਲੈ ਕੇ ਵਿਹਾਰ ਤੱਕ ਕਿਵੇਂ ਸੁਚੇਤ ਹੋਣ ਦੀ ਲੋੜ ਹੈ| ਨਾਲ ਹੀ ਉਹਨਾਂ ਨੇ ਪੁਲਿਸ ਪ੍ਰਸ਼ਾਸਨ ਦੇ ਬਹੁਤ ਸਾਰੇ ਤਜਰਬੇ ਸਾਂਝੇ ਕਰਦਿਆਂ ਇਸ ਕੰਮ ਦੀ ਜਾਣਕਾਰੀ ਅਤੇ ਇਸਦਾ ਵਿਹਾਰਕ ਪੱਖ ਵੀ ਸਾਂਝਾ ਕੀਤਾ|

ਅਪਰ ਨਿਰਦੇਸ਼ਕ ਸੰਚਾਰ ਅਤੇ ਕਾਰਜਕਾਰੀ ਮਿਲਖ ਅਧਿਕਾਰੀ ਡਾ. ਤੇਜਿੰਦਰ ਸਿੰਘ ਰਿਆੜ ਨੇ ਕਿਹਾ ਕਿ ਇਸ ਕੋਰਸ ਨੂੰ ਆਯੋਜਿਤ ਕਰਨ ਦਾ ਮੰਤਵ ਸੁਰੱਖਿਆ ਕਰਮੀਆਂ ਵਿਚ ਸਵੈ ਭਰੋਸਾ ਅਤੇ ਯੋਗਤਾ ਦਾ ਵਿਕਾਸ ਕਰਨਾ ਹੈ|

ਸਮਾਰੋਹ ਦਾ ਸੰਚਾਲਨ ਕੋਰਸ ਨਿਰਦੇਸ਼ਕ ਡਾ. ਰੁਪਿੰਦਰ ਕੌਰ ਨੇ ਕੀਤਾ| ਸੁਰੱਖਿਆ ਅਧਿਕਾਰੀ ਡਾ. ਸੁਖਪ੍ਰੀਤ ਸਿੰਘ ਨੇ ਸਮਾਰੋਹ ਵਿਚ ਸ਼ਾਮਿਲ ਹੋਣ ਲਈ ਸਭ ਵਾਸਤੇ ਧੰਨਵਾਦ ਦੇ ਭਾਵ ਪ੍ਰਗਟਾਏ|

## ਗਿਆਨਦੀਪ ਮੰਚ ਵੱਲੋਂ ਇੱਕ ਸਾਹਿਤਕ ਸਮਾਗਮ ਕਰਵਾਇਆ ਗਿਆ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ 19 ਮਈ : ਗਿਆਨਦੀਪ ਸਾਹਿਤ ਸਾਧਨਾ ਮੰਚ (ਰਜਿ) ਪਟਿਆਲਾ ਵੱਲੋਂ ਭਾਸ਼ਾ ਵਿਭਾਗ ਪੰਜਾਬ ,ਪਟਿਆਲਾ ਦੇ ਸੈਮੀਨਾਰ ਹਾਲ ਵਿੱਚ ਮਹੀਨਾਵਾਰ ਇੱਕ ਸਾਹਿਤਕ ਸਮਾਗਮ ਅਤੇ ਕਵੀ ਦਰਬਾਰ ਮਿਤੀ 17/05/2026 ਨੂੰ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਕਰਦਿਆਂ ਮੰਚ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਚੰਨ ਪਟਿਆਲ਼ਵੀ ਨੇ ਸਾਰੇ ਸਾਹਿਤਕਾਰਾਂ ਦਾ ਸਵਾਗਤ ਕਰਦਿਆਂ ਕਵੀਆਂ ਨੂੰ ਆਪਣੀ ਰਚਨਾ ਪੇਸ਼ ਕਰਨ ਦਾ ਸੱਦਾ ਦਿੱਤਾ।ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ. ਜੀ ਐੱਸ ਆਨੰਦ ਨੇ ਕਿਹਾ ਕਿ ਕਵੀ ਸਮਾਜ ਨੂੰ ਬਦਲਣ ਦੀ ਤਾਕਤ ਰੱਖਦੇ ਹਨ।ਸਾਡੀ ਅਸਲ ਤਾਕਤ ਸਾਡੀ ਕਲਮ ਹੈ।ਸਮਾਗਮ ਦੌਰਾਨ ਪੰਜਾਬੀ ਮੈਗਜ਼ੀਨ 'ਗੁਸਈਆਂ' ਦਾ ਮਈ ਅੰਕ ਲੋਕ ਅਰਪਣ ਕੀਤਾ ਗਿਆ। ਮੈਗਜ਼ੀਨ ਦੇ ਮੁੱਖ ਸੰਪਾਦਕ ਕੁਲਵੰਤ ਸਿੰਘ ਨਾਰੀਕੇ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਇਹ ਮੈਗਜ਼ੀਨ ਆਪ ਸਭ ਦੇ ਸਹਿਯੋਗ ਨਾਲ ਨਿਰੰਤਰ ਉੱਨੀ ਸਾਲ ਤੋਂ ਛਪ ਰਿਹਾ ਹੈ ਅਤੇ ਪੰਜਾਬੀ ਬੋਲੀ ਦੀ ਸੇਵਾ ਕਰ ਰਿਹਾ ਹੈ।




ਕਵਿਤਾ ਦੇ ਸੈਸ਼ਨ ਵਿੱਚ ਹਾਜ਼ਰ ਨਾਮਵਰ ਕਵੀਆਂ ਵਿੱਚੋਂ ਪਰਵਿੰਦਰ ਸੋਖ,ਸੁਖਵਿੰਦਰ ਸੇਖੋਂ,ਕੁਲਵੰਤ ਸੈਦੋਕੇ, ਬਚਨ ਸਿੰਘ ਗੁਰਮ ,ਗੁਰਦਰਸ਼ਨ ਗੁਸੀਲ,ਦਰਸ਼ਨ ਸਿੰਘ ਦਰਸ਼ ਪਸਿਆਣਾ, ਗੁਰਪ੍ਰੀਤ ਸਿੰਘ ਢਿੱਲੋਂ,ਅਵਤਾਰਜੀਤ,ਅੰਗਰੇਜ਼ ਵਿਰਕ,ਇੰਦਰਪਾਲ ਸਿੰਘ,ਜਸਵਿੰਦਰ ਖਾਰਾ,ਸੰਤ ਸਿੰਘ ਸੋਹਲ,ਜਸਵਿੰਦਰ ਕੌਰ, ਕੁਲਦੀਪ ਕੌਰ ਧੰਜੂ,ਬਲਬੀਰ ਸਿੰਘ ਦਿਲਦਾਰ,ਮੰਗਤ ਖਾਨ,ਗੁਰਚਰਨ ਸਿੰਘ ਧੰਜੂ,ਕ੍ਰਿਸ਼ਨ ਲਾਲ ਧੀਮਾਨ,ਰਾਮ ਸਿੰਘ ਬੰਗ,ਸਰੂਪ ਸਿੰਘ ਚੌਧਰੀ ਮਾਜਰਾ,ਅਮਨਦੀਪ ਸਿੰਘ ਪਟਿਆਲਾ, ਤਰਨ ਪਟਿਆਲ਼ਵੀ ਆਦਿ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਨੈਬ ਸਿੰਘ ਅਤੇ ਗੁਰਦੀਪ ਸਿੰਘ ਸੱਗੂ ਆਦਿ ਸ਼ਖ਼ਸੀਅਤਾਂ ਵੀ ਹਾਜ਼ਰ ਰਹੀਆਂ।ਫੋਟੋਗ੍ਰਾਫੀ ਦੇ ਫਰਜ਼ ਦਰਸ਼ਨ ਸਿੰਘ ਦਰਸ਼ ਪਸਿਆਣਾ ਵੱਲੋਂ ਬਾਖੂਬੀ ਨਿਭਾਏ ਗਏ।

## ਫਰੀਦਕੋਟ ਤੋਂ ਨਰੇਗਾ ਮਜ਼ਦੂਰਾਂ ਦਾ ਜੱਥਾ ਏਟਕ ਦੀ ਮੋਹਾਲੀ ਰੈਲੀ ਵਿੱਚ ਸ਼ਾਮਲ ਹੋਣ ਲਈ ਰਵਾਨਾ

ਵਰਲਡ ਪੰਜਾਬੀ ਟਾਈਮਜ਼
ਸ਼ਿਵਨਾਥ




ਫ਼ਰੀਦਕੋਟ 19 ਮਈ : ਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ ਅਤੇ ਹੋਰ ਵੱਖ ਵੱਖ ਖੇਤਰਾਂ ਵਿੱਚ ਕੰਮ ਕਰਦੇ ਕਿਰਤੀਆਂ ਦੀਆਂ ਮੰਗਾਂ ਨੂੰ ਲੈਕੇ ਅੱਜ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ1680 ਸੈਕਟਰ 22ਬੀ, ਚੰਡੀਗੜ੍ਹ ਵੱਲੋਂ ਲੇਬਰ ਭਵਨ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਵਿੱਚ ਸ਼ਾਮਲ ਹੋਣ ਲਈ ਨਰੇਗਾ ਮਜ਼ਦੂਰਾਂ ਦਾ ਇੱਕ ਜੱਥਾ ਅੱਜ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਤੋਂ ਨਰੇਗਾ ਰੁਜ਼ਗਾਰ ਪ੍ਰਾਪਤ ਮਜਦੂਰ ਯੂਨੀਅਨ ਦੇ ਜ਼ਿਲਾ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ ਜੀ ਦੀ ਅਗਵਾਈ ਹੇਠ ਰਵਾਨਾ ਹੋਇਆ। ਆਗੂਆਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ ਅਤੇ ਸਮੂਹ ਕਿਰਤੀਆਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕੀਤੇ ਜਾਣ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ ਜਨਰਲ ਸਕੱਤਰ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ, ਨਰੇਗਾ ਮਜ਼ਦੂਰ ਆਗੂ ਗੋਰਾ ਪਿਪਲੀ, ਸੁਖਮਿੰਦਰ ਸਿੰਘ ਢੁੱਡੀ, ਨੱਥਾ ਸਿੰਘ ਅਰਾਈਆਂ ਵਾਲਾ ਕਲਾਂ , ਗੁਰਜੰਟ ਸਿੰਘ ਨਵਾਂ ਕਿਲਾ, ਬੱਗਾ ਸਿੰਘ, ਠਾਕੁਰ ਸਿੰਘ. ਮੇਟ ਲਵਪ੍ਰੀਤ ਕੌਰ ਪਿਪਲੀ, ਮੇਟ ਕੁਲਦੀਪ ਕੌਰ ਕੋਟ ਸੁਖੀਆ,ਮੇਟ ਸਰਬਜੀਤ ਕੌਰ ਚੰਦ ਬਾਜਾ, ਮੇਟ ਗੁਰਪ੍ਰੀਤ ਕੌਰ ਕੋਟ ਸੁਖੀਆ, ਮੇਟ ਵੀਰਪਾਲ ਕੌਰ, ਕਿਰਨਦੀਪ ਕੌਰ, ਜਸਵਿੰਦਰ ਕੌਰ, ਮਹਿੰਦਰ ਸਿੰਘ, ਕੇਵਲ ਸਿੰਘ ਆਦਿ ਹਾਜ਼ਰ ਸਨ।

## ਡੀ.ਸੀ ਹਿਮਾਂਸ਼ੂ ਜੈਨ ਨੇ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿੱਚ 73 ਲੱਖ ਰੁਪਏ ਦੀ ਲਾਗਤ ਵਾਲੇ ਹਾਈ-ਟੈਕ ਜਿਮ ਦਾ ਕੀਤਾ ਉਦਘਾਟਨ

### ਲੁਧਿਆਣਾ ਦੇ ਖਿਡਾਰੀਆਂ ਨੂੰ ਮਿਲੇਗੀ ਅਤਿ-ਆਧੁਨਿਕ ਫਿਟਨੈਸ ਟ੍ਰੇਨਿੰਗ ਸਹੂਲਤ: ਡਿਪਟੀ ਕਮਿਸ਼ਨਰ

### ਖਿਡਾਰੀਆਂ ਨੂੰ ਆਧੁਨਿਕ ਸਾਜ਼ੋ-ਸਾਮਾਨ ਦੀ ਘਾਟ ਨਹੀਂ ਆਉਣ ਦੇਵਾਂਗੇ: ਹਿਮਾਂਸ਼ੂ ਜੈਨ

### ਗੁਰੂ ਨਾਨਕ ਸਟੇਡੀਅਮ ਲੁਧਿਆਣਾ ਦਾ ਜਿਮ ਬਣਿਆ ਸੂਬੇ ਦਾ ਪਹਿਲਾ ਹਾਈ-ਟੈਕ ਖਿਡਾਰੀ ਫਿਟਨੈਸ ਸੈਂਟਰ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 19 ਮਈ:ਖੇਡਾਂ ਦੇ ਬੁਨਿਆਦੀ ਢਾਂਚੇ ਅਤੇ ਐਥਲੀਟ ਵਿਕਾਸ ਨੂੰ ਵੱਡਾ ਹੁਲਾਰਾ ਦਿੰਦੇ ਹੋਏ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਮੰਗਲਵਾਰ ਨੂੰ ਗੁਰੂ ਨਾਨਕ ਸਟੇਡੀਅਮ ਦੇ ਮਲਟੀਪਰਪਜ਼ ਹਾਲ ਵਿਖੇ ਅਤਿ-ਆਧੁਨਿਕ ਮਸ਼ੀਨਾਂ ਅਤੇ ਉੱਨਤ ਸਿਖਲਾਈ ਉਪਕਰਣਾਂ ਨਾਲ ਲੈਸ ਇੱਕ ਅਪਗ੍ਰੇਡ ਕੀਤੇ ਹਾਈ-ਟੈਕ ਫਿਟਨੈਸ ਜਿਮ ਦਾ ਉਦਘਾਟਨ ਕੀਤਾ। ਖਿਡਾਰੀਆਂ ਨੂੰ ਵਿਸ਼ਵ ਪੱਧਰੀ ਫਿਟਨੈਸ ਅਤੇ ਸਿਖਲਾਈ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਦੁਆਰਾ 73 ਲੱਖ ਰੁਪਏ ਦੀ ਲਾਗਤ ਨਾਲ ਇਸ ਅਤਿ-ਆਧੁਨਿਕ ਸਹੂਲਤ ਦਾ ਨਵੀਨੀਕਰਨ ਅਤੇ ਆਧੁਨਿਕੀਕਰਨ ਕੀਤਾ ਗਿਆ ਹੈ। ਅਪਗ੍ਰੇਡ ਕੀਤਾ ਗਿਆ ਜਿਮ ਸੂਬੇ ਵਿੱਚ ਆਪਣੀ ਕਿਸਮ ਦੀ ਪਹਿਲੀ ਸਹੂਲਤ ਹੈ ਜਿਸਦਾ ਉਦੇਸ਼ ਵਿਸ਼ੇਸ਼ ਤੌਰ 'ਤੇ ਖਿਡਾਰੀਆਂ ਦੀ ਸਰੀਰਕ ਸਥਿਤੀ ਅਤੇ ਪ੍ਰਦਰਸ਼ਨ ਨੂੰ ਮਜ਼ਬੂਤ ਕਰਨਾ ਹੈ।

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਖਿਡਾਰੀਆਂ ਨੂੰ ਉੱਚ-ਪੱਧਰੀ ਸਹੂਲਤਾਂ ਅਤੇ ਪੇਸ਼ੇਵਰ ਸਿਖਲਾਈ ਵਾਤਾਵਰਣ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਖਿਡਾਰੀਆਂ ਵਿੱਚ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦੀ ਸਮਰੱਥਾ ਹੁੰਦੀ ਹੈ, ਉਨ੍ਹਾਂ ਨੂੰ ਕਦੇ ਵੀ ਨਾਕਾਫ਼ੀ ਬੁਨਿਆਦੀ ਢਾਂਚੇ ਜਾਂ ਆਧੁਨਿਕ ਸਾਜ਼ੋ-ਸਾਮਾਨ ਦੀ ਘਾਟ ਕਾਰਨ ਰੁਕਾਵਟਾਂ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਉਨ੍ਹਾਂ ਅੱਗੇ ਕਿਹਾ ਕਿ ਅੱਪਗ੍ਰੇਡ ਕੀਤਾ ਗਿਆ ਜਿਮ ਵੱਖ-ਵੱਖ ਖੇਡ ਵਿਸ਼ਿਆਂ ਵਿੱਚ ਖਿਡਾਰੀਆਂ ਦੀ ਤੰਦਰੁਸਤੀ, ਸਹਿਣਸ਼ੀਲਤਾ ਅਤੇ ਸਮੁੱਚੇ ਪ੍ਰਦਰਸ਼ਨ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵਿੱਚ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਬਦਲਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਖੇਡ ਮਾਹੌਲ ਵਿੱਚ ਆਧੁਨਿਕ ਤੰਦਰੁਸਤੀ ਸਹੂਲਤਾਂ ਜ਼ਰੂਰੀ ਹਨ ਜਿੱਥੇ ਵਿਗਿਆਨਕ ਸਿਖਲਾਈ ਅਤੇ ਸਰੀਰਕ ਕੰਡੀਸ਼ਨਿੰਗ ਸਫਲਤਾ ਦੇ ਮੁੱਖ ਕਾਰਕ ਹਨ। ਨਵੇਂ ਅੱਪਗ੍ਰੇਡ ਕੀਤੇ ਗਏ ਜਿਮ ਵਿੱਚ ਪੇਸ਼ੇਵਰ ਖਿਡਾਰੀਆਂ ਦੇ ਨਾਲ-ਨਾਲ ਉਭਰਦੇ ਖਿਡਾਰੀਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੀਆਂ ਗਈਆਂ ਵਿਸ਼ੇਸ਼ ਫਿਟਨੈਸ ਮਸ਼ੀਨਾਂ ਦੇ ਨਾਲ-ਨਾਲ ਉੱਨਤ ਤਾਕਤ ਸਿਖਲਾਈ ਅਤੇ ਕਾਰਡੀਓ ਉਪਕਰਣ ਹਨ। ਇਹ ਸਹੂਲਤ ਸੈਂਕੜੇ ਖਿਡਾਰੀਆਂ ਨੂੰ ਲਾਭ ਪਹੁੰਚਾਏਗੀ ਜੋ ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿੱਚ ਨਿਯਮਤ ਤੌਰ 'ਤੇ ਸਿਖਲਾਈ ਲੈਂਦੇ ਹਨ।

## ਕਾਮਾਗਾਟਾ ਮਾਰੂ ਤੋਂ 'ਗੁਰੂ ਨਾਨਕ ਜਹਾਜ਼' ਤੱਕ: ਨਸਲਵਾਦੀ ਜਬਰ ਖ਼ਿਲਾਫ਼ ਮਾਨਵਵਾਦੀ ਸਬਰ ਦੀ ਇਤਿਹਾਸਿਕ ਜਿੱਤ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ






ਕੈਨੇਡਾ ਦਾ ਇਤਿਹਾਸ ਜਿੱਥੇ ਵਿਕਾਸ ਅਤੇ ਵਿਭਿੰਨਤਾ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ, ਉੱਥੇ ਹੀ ਇਸ ਦੇ ਅਤੀਤ ਵਿੱਚ ਨਸਲਵਾਦ ਅਤੇ ਵਿਤਕਰੇ ਦੇ ਕੁਝ ਅਜਿਹੇ ਕਾਲੇ ਪੰਨੇ ਵੀ ਦਰਜ ਹਨ, ਜਿਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਇਨ੍ਹਾਂ ਵਿੱਚੋਂ ਸਭ ਤੋਂ ਪ੍ਰਮੁੱਖ ਅਤੇ ਦਰਦਨਾਕ ਘਟਨਾ 1914 ਦਾ ਕਾਮਾਗਾਟਾ ਮਾਰੂ ਦੁਖਾਂਤ ਹੈ, ਜਿਸ ਨੂੰ ਹੁਣ ਇਸ ਦੇ ਸਹੀ ਅਤੇ ਇਤਿਹਾਸਿਕ ਨਾਂ 'ਗੁਰੂ ਨਾਨਕ ਜਹਾਜ਼' ਵਜੋਂ ਮਾਨਤਾ ਦੇ ਕੇ ਕੈਨੇਡਾ ਆਪਣੀਆਂ ਇਤਿਹਾਸਿਕ ਗ਼ਲਤੀਆਂ ਨੂੰ ਸੁਧਾਰਨ ਵੱਲ ਕਦਮ ਵਧਾ ਰਿਹਾ ਹੈ।

ਸਾਲ 1914 ਦੀ ਬਸੰਤ ਵਿੱਚ ਬਾਬਾ ਗੁਰਦਿੱਤ ਸਿੰਘ ਦੀ ਅਗਵਾਈ ਵਿੱਚ ਸਿੱਖਾਂ ਦੀ ਇੱਕ ਕਮੇਟੀ ਨੇ ਸਿੰਗਾਪੁਰ ਤੋਂ 'ਕਾਮਾਗਾਟਾ ਮਾਰੂ' ਨਾਮਕ ਸਮੁੰਦਰੀ ਜਹਾਜ਼ ਨੂੰ ਚਾਰਟਰ (ਕਿਰਾਏ 'ਤੇ) ਕੀਤਾ। ਪਹਿਲੇ ਸਿੱਖ ਗੁਰੂ ਦੇ ਨਾਂ 'ਤੇ ਇਸ ਦਾ ਨਾਂ 'ਗੁਰੂ ਨਾਨਕ ਜਹਾਜ਼' ਰੱਖਿਆ ਗਿਆ। ਇਸ ਯਾਤਰਾ ਦਾ ਮੁੱਖ ਉਦੇਸ਼ ਭਾਰਤੀ ਪ੍ਰਵਾਸੀਆਂ ਨੂੰ ਕੈਨੇਡਾ ਲੈ ਕੇ ਜਾਣਾ ਅਤੇ ਉੱਥੋਂ ਦੀਆਂ ਨਸਲਵਾਦੀ ਇਮੀਗ੍ਰੇਸ਼ਨ ਨੀਤੀਆਂ ਨੂੰ ਚੁਣੌਤੀ ਦੇਣਾ ਸੀ।

ਇਹ ਜਹਾਜ਼ 23 ਮਈ 1914 ਨੂੰ ਵੈਨਕੂਵਰ ਦੇ ਸਮੁੰਦਰੀ ਤੱਟ (ਬੁੱਰਾਰਡ ਇਨਲੇਟ) 'ਤੇ ਪਹੁੰਚਿਆ। ਜਹਾਜ਼ ਵਿੱਚ ਕੁੱਲ 376 ਮੁਸਾਫ਼ਿਰ ਸਵਾਰ ਸਨ, ਜਿਨ੍ਹਾਂ ਵਿੱਚ 340 ਸਿੱਖ, 24 ਮੁਸਲਮਾਨ ਅਤੇ 12 ਹਿੰਦੂ ਸ਼ਾਮਲ ਸਨ (ਜਿਨ੍ਹਾਂ ਵਿੱਚ ਜ਼ਿਆਦਾਤਰ ਪੰਜਾਬ ਦੇ 18 ਤੋਂ 30 ਸਾਲ ਦੇ ਨੌਜਵਾਨ ਅਤੇ ਕਈ ਭਾਰਤੀ ਫ਼ੌਜ ਦੇ ਸਾਬਕਾ ਸੈਨਿਕ ਸਨ)। ਬ੍ਰਿਟਿਸ਼ ਨਾਗਰਿਕ ਹੋਣ ਦੇ ਨਾਤੇ ਉਨ੍ਹਾਂ ਕੋਲ ਸਾਮਰਾਜ ਵਿੱਚ ਕਿਤੇ ਵੀ ਜਾਣ ਦਾ ਹੱਕ ਸੀ ਪਰ ਕੈਨੇਡਾ ਦੀ ਤਤਕਾਲੀ ਸਰਕਾਰ ਨੇ ਉਨ੍ਹਾਂ ਨੂੰ ਦੇਸ਼ ਵਿੱਚ ਦਾਖ਼ਲ ਹੋਣ ਤੋਂ ਇਨਕਾਰ ਕਰ ਦਿੱਤਾ।

ਕੈਨੇਡਾ ਨੇ ਭਾਰਤੀਆਂ ਨੂੰ ਰੋਕਣ ਲਈ 'ਕੰਟੀਨਿਊਅਸ ਜਰਨੀ ਪ੍ਰੋਵਿਜ਼ਨ' (Continuous Journey Provision) ਵਰਗੇ ਸਖ਼ਤ ਅਤੇ ਪੱਖਪਾਤੀ ਕਾਨੂੰਨ ਬਣਾਏ ਹੋਏ ਸਨ, ਜਿਸ ਤਹਿਤ ਸਿਰਫ਼ ਉਹ ਵਿਅਕਤੀ ਹੀ ਭਾਰਤ ਤੋਂ ਕੈਨੇਡਾ ਆ ਸਕਦਾ ਸੀ ਜੋ ਬਿਨਾਂ ਰੁਕੇ ਸਿੱਧੇ ਸਫ਼ਰ ਰਾਹੀਂ ਆਇਆ ਹੋਵੇ (ਜੋ ਕਿ ਉਸ ਸਮੇਂ ਅਸੰਭਵ ਸੀ)।

ਜਹਾਜ਼ ਦੇ ਮੁਸਾਫ਼ਿਰਾਂ ਨੂੰ ਦੋ ਮਹੀਨਿਆਂ ਤੱਕ ਵੈਨਕੂਵਰ ਦੇ ਹਰਬਰ 'ਤੇ ਹੀ ਬੰਦੀ ਬਣਾ ਕੇ ਰੱਖਿਆ ਗਿਆ। ਉਨ੍ਹਾਂ ਨੂੰ ਖਾਣ-ਪੀਣ ਅਤੇ ਪਾਣੀ ਤੋਂ ਵੀ ਵਾਂਝੇ ਰੱਖਿਆ ਗਿਆ। ਕੈਨੇਡੀਅਨ ਅਧਿਕਾਰੀਆਂ ਨੇ ਜਹਾਜ਼ 'ਤੇ ਕਬਜ਼ਾ ਕਰਨ ਲਈ ਹਥਿਆਰਬੰਦ ਫ਼ੌਜੀ ਜਹਾਜ਼ ਤੱਕ ਤਾਇਨਾਤ ਕਰ ਦਿੱਤੇ। ਅੰਤ 23 ਜੁਲਾਈ 1914 ਨੂੰ ਜਹਾਜ਼ ਨੂੰ ਜਬਰਨ ਵਾਪਸ ਮੋੜ ਦਿੱਤਾ ਗਿਆ। ਜਦੋਂ ਇਹ ਜਹਾਜ਼ 29 ਸਤੰਬਰ 1914 ਨੂੰ ਕੋਲਕਾਤਾ ਦੇ ਬਜਬਜ ਘਾਟ ਪਹੁੰਚਿਆ ਤਾਂ ਬ੍ਰਿਟਿਸ਼ ਪੁਲਿਸ ਨੇ ਮੁਸਾਫ਼ਿਰਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰੱਖਿਆ ਕਰਦੇ ਹੋਏ 20 ਯਾਤਰੀ ਸ਼ਹੀਦ ਹੋ ਗਏ ਅਤੇ ਕਈਆਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਗਿਆ।

ਸਮਾਂ ਬਦਲਿਆ ਅਤੇ ਲੰਬੇ ਸੰਘਰਸ਼ ਤੋਂ ਬਾਅਦ ਕੈਨੇਡਾ ਸਰਕਾਰ ਅਤੇ ਵੈਨਕੂਵਰ ਸ਼ਹਿਰ ਨੇ ਇਸ ਨਸਲੀ ਵਿਤਕਰੇ ਅਤੇ ਧੱਕੇਸ਼ਾਹੀ ਲਈ ਅਧਿਕਾਰਤ ਤੌਰ 'ਤੇ ਮੁਆਫ਼ੀ ਮੰਗੀ। ਪਰ ਇਸ ਇਤਿਹਾਸ ਨੂੰ ਇਸ ਦੇ ਅਸਲ ਰੂਪ ਵਿੱਚ ਪੇਸ਼ ਕਰਨ ਲਈ ਇੱਕ ਹੋਰ ਵੱਡਾ ਕਦਮ ਹਾਲ ਹੀ ਵਿੱਚ ਲਿਆ ਗਿਆ ਹੈ। ਵੈਨਕੂਵਰ ਸਿਟੀ ਨੇ ਭਾਈਚਾਰਕ ਵਿਚਾਰ-ਵਟਾਂਦਰੇ ਤੋਂ ਬਾਅਦ ਇੱਕ ਇਤਿਹਾਸਿਕ ਫੈਸਲਾ ਲੈਂਦਿਆਂ ਵੈਨਕੂਵਰ ਦੇ ਸਮੁੰਦਰੀ ਤੱਟ 'ਤੇ ਸਥਿਤ ਯਾਦਗਾਰੀ ਸਾਈਨੇਜ ਪੈਨਲਾਂ (Signage Panels) ਉੱਪਰ 'ਕਾਮਾਗਾਟਾ ਮਾਰੂ' ਦੀ ਥਾਂ ਇਸ ਦਾ ਅਸਲੀ ਅਤੇ ਸਹੀ ਨਾਂ 'ਗੁਰੂ ਨਾਨਕ ਜਹਾਜ਼' ਬਹਾਲ ਕਰ ਦਿੱਤਾ ਹੈ। ਵੈਨਕੂਵਰ ਪ੍ਰਸ਼ਾਸਨ ਮੁਤਾਬਕ "ਜਹਾਜ਼ ਨੂੰ ਇਸ ਦੇ ਸਹੀ ਨਾਂ ਨਾਲ ਸੰਬੋਧਿਤ ਕਰਨਾ ਇਤਿਹਾਸਿਕ ਵਿਰਾਸਤ ਦਾ ਸੱਚਾ ਸਨਮਾਨ ਹੈ।"

ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਦੇ ਨੁਮਾਇੰਦੇ ਡਾ. ਗੁਰਵਿੰਦਰ ਸਿੰਘ ਧਾਲੀਵਾਲ ਅਤੇ ਰਾਜ ਸਿੰਘ ਪੰਡਾਲ ਨੇ ਵੈਨਕੂਵਰ ਸ਼ਹਿਰ ਦੇ ਇਸ ਫੈਸਲੇ ਦੀ ਪੁਰਜ਼ੋਰ ਸ਼ਲਾਘਾ ਕੀਤੀ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਹੈ ਕਿ ਕੈਨੇਡਾ ਦੀ ਫੈਡਰਲ ਸਰਕਾਰ ਵੀ ਜਲਦੀ ਹੀ ਆਪਣੇ ਮੁਆਫ਼ੀਨਾਮੇ ਵਿੱਚ ਸੋਧ ਕਰ ਕੇ 'ਗੁਰੂ ਨਾਨਕ ਜਹਾਜ਼' ਨਾਂ ਨੂੰ ਅਧਿਕਾਰਤ ਤੌਰ 'ਤੇ ਬਹਾਲ ਕਰੇਗੀ।

ਹਰ ਵਰ੍ਹੇ ਦੀ ਤਰ੍ਹਾਂ ਇਸ ਵਾਰ ਵੀ ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵੱਲੋਂ ਵੈਨਕੂਵਰ ਦੇ 'ਹਰਬਰ ਗਰੀਨ ਪਾਰਕ' ਸਮੁੰਦਰੀ ਤੱਟ 'ਤੇ ਸਥਿਤ ਮੈਮੋਰੀਅਲ ਵਿਖੇ ਬੀਸੀ ਖਾਲਸਾ ਦਰਬਾਰ, ਵੈਨਕੂਵਰ ਬੋਰਡ ਆਫ ਪਾਰਕ ਐਂਡ ਰੀਕ੍ਰੀਏਸ਼ਨ ਅਤੇ ਵੈਨਕੂਵਰ ਸਿਟੀ ਦੇ ਸਹਿਯੋਗ ਨਾਲ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ। ਇਹ ਬੇਹੱਦ ਮਹੱਤਵਪੂਰਨ ਹੈ ਕਿ ਜਿਸ ਜਗ੍ਹਾ ਤੋਂ 112 ਸਾਲ ਪਹਿਲਾਂ ਸਿੱਖਾਂ ਅਤੇ ਹੋਰ ਭਾਰਤੀਆਂ ਨੂੰ ਨਸਲਵਾਦੀ ਜ਼ੁਲਮ ਤਹਿਤ ਦੁਤਕਾਰਿਆ ਗਿਆ ਸੀ, ਅੱਜ ਉਸੇ ਧਰਤੀ 'ਤੇ ਉਨ੍ਹਾਂ ਦੇ ਸਨਮਾਨ ਅਤੇ ਚੜ੍ਹਦੀ ਕਲਾ ਦੀ ਗੱਲ ਹੋ ਰਹੀ ਹੈ। ਇਹ ਘਟਨਾ ਸਾਬਤ ਕਰਦੀ ਹੈ ਕਿ ਅੰਤ ਨੂੰ ਮਾਨਵਵਾਦੀ ਸਬਰ ਨੇ ਨਸਲਵਾਦੀ ਜਬਰ ਉੱਪਰ ਇੱਕ ਗੌਰਵਮਈ ਅਤੇ ਇਤਿਹਾਸਿਕ ਜਿੱਤ ਪ੍ਰਾਪਤ ਕੀਤੀ ਹੈ।